# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 31-05-2024**

ਪੰਜਾਬ ਵਿਚ ਭਲਕੇ ਪਹਿਲੀ ਜੂਨ ਨੂੰ ਲੋਕਸਭਾ ਚੋਣਾਂ ਲਈ ਹੋਣ ਵਾਲੀ ਪੋਲਿੰਗ ਵਾਸਤੇ ਸਾਰੀਆਂ ਤਿਆਰੀਆਂ ਮੁੱਕਮਲ ਕਰ ਲਈਆਂ ਗਈਆਂ ਨੇ। ਸੂਬੇ ਵਿਚ 2 ਕਰੋੜ 14 ਲੱਖ 61 ਹਜ਼ਾਰ 739 ਵੋਟਰ ਰਜਿਸਟਰਡ ਨੇ ਅਤੇ ਇਨਾਂ ਵਿਚ 1 ਕਰੋੜ 12 ਲੱਖ 86 ਹਜ਼ਾਰ 726 ਮਰਦ, 1 ਕਰੋੜ 1 ਲੱਖ 74 ਹਜ਼ਾਰ 240 ਔਰਤ ਤੇ 773 ਥਰਡ ਜੈਂਡਰ ਵੋਟਰ ਸ਼ਾਮਲ ਨੇ।

***ਵੇਰਵੇ ਨਾਲ ਇਹ ਰਿਪੋਰਟ:ਸੂਬੇ ਵਿਚ ਵੋਟਰਾਂ ਲਈ ਕੁਲ 24 ਹਜ਼ਾਰ 451 ਪੋਲਿੰਗ ਸਟੇਸ਼ਨ ਬਣਾਏ ਗਏ ਨੇ। ਇਨਾਂ ਵਿਚ 16 ਹਜ਼ਾਰ 517 ਪੇਂਡੂ ਅਤੇ 7 ਹਜ਼ਾਰ 934 ਸ਼ਹਿਰੀ ਇਲਾਕਿਆਂ ਵਿਚ ਸਥਿਤ ਨੇ। ਇਨਾਂ ਪੋਲਿੰਗ ਸਟੇਸ਼ਨਾਂ ਲਈ ਚੋਣ ਅਮਲੇ ਦੀ ਰਵਾਨਗੀ ਅੱਜ ਤੋਂ ਸ਼ੁਰੂ ਹੋ ਗਈ ਏ। ਵੱਖ-ਵੱਖ ਜ਼ਿਲਿਆਂ ਵਿਚ ਚੋਣ ਅਧਿਕਾਰੀ ਪੁਲਿਸ***

***ਫੋਰਸ ਦੇ ਨਾਲ ਚੋਣ ਅਮਲੇ ਨੂੰ ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ ਅਤੇ ਹੋਰ ਸਾਜੋ ਸਾਮਾਨ ਦੇ ਕੇ ਰਵਾਨਾ ਕਰ ਰਹੇ ਨੇ । ਚੋਣ ਅਮਲੇ ਵਲੋਂ ਅੱਜ ਸ਼ਾਮ ਤਕ ਸਾਰੇ ਸਟੇਸ਼ਨ ਪੂਰੀ ਤਰਾਂ ਨਾਲ ਤਿਆਰ ਕਰ ਲਏ ਜਾਣਗੇ ਅਤੇ ਵੋਟਿੰਗ ਭਲਕੇ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤਕ ਹੋਵੇਗੀ । ਪੋਲਿੰਗ ਸਟੇਸ਼ਨਾਂ ਤੇ ਸੁਰੱਖਿਆ ਦੇ ਵੀ ਸਖਤ ਪ੍ਰਬੰਧ ਕੀਤੇ ਗਏ ਨੇ ਅਤੇ ਨਾਜ਼ੁਕ ਪੋਲਿੰਗ ਸਟੇਸ਼ਨਾਂ ਤੇ ਵਾਧੂ ਗਿਣਤੀ ਵਿਚ ਪੁਲਿਸ ਅਤੇ ਕੇਂਦਰੀ ਬਲਾਂ ਦੇ ਜਵਾਨਾਂ ਦੀ ਤਾਇਨਾਤੀ ਕੀਤੀ ਗਈ ਏ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ***

---------------------------------------------------

ਚੋਣਾਂ ਵਿੱਚ ਨੌਜਵਾਨ ਵੋਟਰਾਂ ਦੀ ਭਾਗੀਦਾਰੀ ਵਧਾਉਣ ਲਈ ਇੱਕ ਵਿਲੱਖਣ ਪਹਿਲਕਦਮੀ ਕਰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ, ਦਫ਼ਤਰ ਵੱਲੋਂ ਦੋ ਸਨੈਪਚੈਟ ਲੈਂਜ਼ (ਫਿਲਟਰ) ਲਾਂਚ ਕੀਤੇ ਗਏ ਨੇ । ਇਹ ਲੈਂਜ਼ ਵੋਟਿੰਗ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਬਾਰੇ ਮਹੱਤਵਪੂਰਨ ਸੁਨੇਹਿਆਂ ਨੂੰ ਵਧੇਰੇ ਆਕਰਸ਼ਕ ਢੰਗ ਨਾਲ ਪ੍ਰਸਾਰਿਤ ਕਰਦੇ ਨੇ ਤਾਂ ਜੋ ਚੋਣਾਂ ਵਿੱਚ ਵੱਧ ਤੋ ਵੱਧ ਭਾਗੀਦਾਰੀ ਯਕੀਨੀ ਬਣਾਉਣ ਲਈ ਵੋਟਰਾਂ ਨੂੰ

ਉਤਸ਼ਾਹਿਤ ਕੀਤਾ ਜਾ ਸਕੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਸਨੈਪਚੈਟ ਲਈ ਦੋ ਤਰ੍ਹਾਂ ਦੇ ਲੈਂਜ਼ ਬਣਾਏ ਗਏ ਨੇ ਜਿਸ ਵਿੱਚ ਪਹਿਲਾ "ਆਈ ਐਮ ਏ ਪਰਾਊਡ ਵੋਟਰ" ਅਤੇ ਦੂਜਾ ਯੂਜ਼ਰ ਦੇ ਚਿਹਰੇ 'ਤੇ ਚੋਣ ਲੋਗੋ ਦੇ ਪ੍ਰਿੰਟ ਵਾਲਾ ਲੈਂਜ਼ ਏ। "ਆਈ ਐਮ ਏ ਪਰਾਊਡ ਵੋਟਰ" ਲੈਂਜ਼ ਦੀ ਵਰਤੋਂ ਕਰਕੇ ਯੂਜ਼ਰ ਆਪਣੀ 'ਸਿਆਹੀ ਲੱਗੀ ਉਂਗਲ' ਦੇ ਨਿਸ਼ਾਨ ਰਾਹੀਂ ਚੋਣ ਪ੍ਰਕਿਰਿਆ ਵਿੱਚ ਆਪਣੀ ਭਾਗੀਦਾਰੀ ਨੂੰ ਦਰਸਾ ਸਕਦੇ ਨੇ। ਇਸ ਦੇ ਨਾਲ ਹੀ ਚੋਣ ਲੋਗੋ ਦੇ ਪ੍ਰਿੰਟ ਵਾਲਾ ਦੂਜਾ ਲੈਂਜ਼ ਯੂਜ਼ਰਸ ਨੂੰ ਲੋਕਤੰਤਰ ਦੇ ਇਸ ਤਿਓਹਾਰ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕਰਦਾ ਏ। ਯੂਜ਼ਰ ਇਹਨਾਂ ਫਿਲਟਰਾਂ ਜ਼ਰੀਏ ਸੈਲਫੀ ਲੈਣ ਲਈ ਸਨੈਪਚੈਟ 'ਤੇ ਕ੍ਰਮਵਾਰ "ਪੰਜਾਬ ਵੋਟਰਸ" ਅਤੇ "ਪ੍ਰਾਊਡ ਵੋਟਰਸ" ਲਈ ਸਰਚ ਕਰ ਸਕਦੇ ਨੇ। ਸਿਬਿਨ ਸੀ ਨੇ ਕਿਹਾ ਕਿ ਇਹ ਰੋਮਾਂਚਕ ਤਜ਼ਰਬਾ ਲੋਕਾਂ ਨੂੰ ਚੋਣਾਂ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਇੱਕ ਨਾਗਰਿਕ ਦੇ ਮਾਣ-ਸਨਮਾਨ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦਾ ਏ। ਉਨ੍ਹਾਂ ਕਿਹਾ ਕਿ ਇਸਦਾ ਉਦੇਸ਼ ਸੋਸ਼ਲ ਮੀਡੀਆ

ਪਲੇਟਫਾਰਮਾਂ ਦੀ ਸੁਚੱਜੇ ਢੰਗ ਨਾਲ ਵਰਤੋਂ ਕਰਦਿਆਂ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚ ਕਰਨਾ ਅਤੇ ਲੋਕਤੰਤਰ ਦੇ ਇਸ ਤਿਓਹਾਰ ਵਿੱਚ ਲੋਕਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣਾ ਏ ।

---------------------------------------------------------

ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਲਕੇ ਹੋਣ ਵਾਲੀ ਵੋਟਿੰਗ ਲਈ ਰੂਪਨਗਰ ਜਿਲ੍ਹੇ ਦੇ ਤਿੰਨੋਂ ਵਿਧਾਨ ਸਭਾ ਹਲਕੇ ਵਿੱਚ ਵੱਖ-ਵੱਖ ਬੂਥਾਂ ਦੇ ਉੱਪਰ ਤਿਆਰੀ ਮੁਕੰਮਲ ਹੋ ਚੁੱਕੀ ਏ । ਰੂਪਨਗਰ ਦੇ ਸਰਕਾਰੀ ਕਾਲਜ ਤੋਂ ਵੱਖ-ਵੱਖ ਬੂਥਾਂ ਦੇ ਲਈ ਚੋਣ ਅਮਲੇ ਨੂੰ ਰਵਾਨਾ ਕੀਤਾ ਗਿਆ। ਜਿਲਾ ਚੋਣ ਅਫਸਰ ਡਾਕਟਰ ਪ੍ਰੀਤੀ ਯਾਦਵ ਨੇ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਅਤੇ ਚੋਣ ਕਮਿਸ਼ਨ ਦੇ ਵੱਲੋਂ ਵੋਟਰਾਂ ਦੀ ਸੁਵਿਧਾਵਾਂ ਦੇ ਲਈ ਵੱਖ-ਵੱਖ ਬੂਥਾਂ ਦੇ ਉੱਪਰ ਸਾਰੇ ਤਰ੍ਹਾਂ ਦੇ ਲੋੜੀਂਦੇ ਦੇ ਪ੍ਰਬੰਧ ਕੀਤੇ ਗਏ ਨੇ । ਐਸ.ਐਸ.ਪੀ ਗੁਰਨੀਤ ਸਿੰਘ ਖੁਰਾਨਾ ਨੇ ਦੱਸਿਆ ਕਿ ਸੁਰੱਖਿਆ ਦੇ ਸਖਤ ਇੰਤਜ਼ਾਮ ਕੀਤੇ ਗਏ ਨੇ ਅਤੇ ਸੀਲ ਬੂਥਾਂ ਤੇ ਵਾਧੂ ਚੋਣ ਅਮਲਾ ਅਤੇ ਪੁਲਿਸ ਦੀ ਪੂਰੀ ਤਰ੍ਹਾਂ ਨਿਗਰਾਨੀ ਏ ।

-----------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਕੱਮ ਜ਼ਿਲਾ ਚੋਣ ਅਧਿਕਾਰੀ ਸ਼ੌਕਤ ਅਹਿਮਦ ਪਰੇ ਨੇ ਕਿਹਾ ਏ ਕਿ ਲੋਕ ਸਭਾ ਚੋਣਾਂ ਦੌਰਾਨ ਵੋਟਰਾਂ ਨੂੰ ਪ੍ਰਭਾਵਤ ਕਰਨ ਲਈ ਮੁਫ਼ਤ ਸਮਾਨ ਵੰਡਣ 'ਤੇ ਕਰੜੀ ਨਜ਼ਰ ਰੱਖੀ ਜਾਵੇਗੀ। ਇਕ ਬਿਆਨ ਵਿਚ ਉਨ੍ਹਾਂ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਕੋਈ ਵੀ ਗ਼ੈਰਕਾਨੂੰਨੀ ਗਤੀਵਿਧੀ ਸਾਹਮਣੇ ਆਉਣ 'ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਹਾ ਕਿ ਵੋਟਰਾਂ ਨੂੰ ਮੁਫ਼ਤ ਵੰਡੇ ਜਾ ਸਕਣ ਵਾਲੇ ਸੰਭਾਵਤ ਸਮਾਨ ਦੀ ਵਿਕਰੀ ਈ-ਬਿਲ ਰਾਹੀਂ ਹੀ ਕਰਵਾਉਣ ਲਈ ਵਧੀਕ ਕਮਿਸ਼ਨਰ ਨੂੰ ਪੱਤਰ ਲਿਖਿਆ ਗਿਆ ਏ। ਉਨ੍ਹਾਂ ਕਿਹਾ ਕਿ ਕਿਸੇ ਵੀ ਥੋਕ ਵਿਕਰੇਤਾ ਦੀ ਵਿਕਰੀ 'ਚ ਅਚਾਨਕ ਵਾਧਾ ਸਾਹਮਣੇ ਆਉਣ 'ਤੇ ਪਿਛਲੇ 6 ਸਾਲਾਂ ਦੀ ਜੀ.ਐਸ.ਟੀ. ਡਾਟਾ ਜਾਂਚਿਆ ਜਾਵੇਗਾ।